# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 26-01-2025**

ਦੇਸ਼ ਅੱਜ 76ਵਾਂ ਗਣਤੰਤਰ ਦਿਵਸ ਮਨਾ ਰਿਹਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਦਿੱਲੀ ਵਿੱਚ ਕਰਤਵਯ ਪਥ ਤੋਂ ਗਣਤੰਤਰ ਦਿਵਸ ਮਨਾਉਣ ਵਿੱਚ ਰਾਸ਼ਟਰ ਦੀ ਅਗਵਾਈ ਕੀਤੀ। ਸਮਾਗਮ ਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਰਾਸ਼ਟਰੀ ਜੰਗੀ ਯਾਦਗਾਰ ਦੇ ਦੌਰੇ ਨਾਲ ਹੋਈ, ਜਿੱਥੇ ਉਨ੍ਹਾਂ ਨੇ ਸ਼ਹੀਦ ਹੋਏ ਨਾਇਕਾਂ ਨੂੰ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ. ਰਾਸ਼ਟਰਪਤੀ ਦ੍ਰੋਪਦੀ ਮੁਰਮੂ ਇੰਡੋਨੇਸ਼ੀਆ ਦੇ ਰਾਸ਼ਟਰਪਤੀ ਪ੍ਰਬੋਵੋ ਸੁਬੀਆਂਤੋ, ਜੋ ਪਰੇਡ ਵਿੱਚ ਮੁੱਖ ਮਹਿਮਾਨ ਸਨ, ਦੇ ਨਾਲ ਇੱਕ ਰਸਮੀ ਬੱਗੀ ਵਿੱਚ ਕਰਤਵਯ ਪਥ ਪਹੁੰਚੇ. ਰਾਸ਼ਟਰੀ ਝੰਡਾ ਲਹਿਰਾਇਆ ਗਿਆ ਅਤੇ ਰਾਸ਼ਟਰ ਗਾਨ ਤੋਂ ਬਾਅਦ 105-mm ਲਾਈਟ ਫੀਲਡ ਤੋਪਾਂ ਰਾਹੀਂ 21 ਤੋਪਾਂ ਦੀ ਸਲਾਮੀ ਦਿੱਤੀ ਗਈ। ਪਰੇਡ ਦੀ ਸ਼ੁਰੂਆਤ,

300 ਸੱਭਿਆਚਾਰਕ ਕਲਾਕਾਰਾਂ ਨੇ, ਦੇਸ਼ ਦੇ ਵੱਖ-ਵੱਖ ਹਿੱਸਿਆਂ ਦੇ ਸੰਗੀਤਕ ਸਾਜ਼ਾਂ ਨਾਲ, 'ਸਾਰੇ ਜਹਾਂ ਸੇ ਅੱਛਾ' ਵਜਾ ਕੇ ਕੀਤੀ। 129 ਹੈਲੀਕਾਪਟਰ ਯੂਨਿਟ ਦੇ Mi-17 1V ਹੈਲੀਕਾਪਟਰਾਂ ਰਾਹੀਂ ਫੁੱਲਾਂ ਦੀ ਵਰਖਾ ਕੀਤੀ ਗਈ। ਪਰੇਡ ਵਿੱਚ 160 ਮੈਂਬਰੀ ਮਾਰਚਿੰਗ ਟੁਕੜੀ ਅਤੇ ਇੰਡੋਨੇਸ਼ੀਆ ਤੋਂ 190 ਮੈਂਬਰੀ ਬੈਂਡ ਦਲ ਨੇ ਹਿੱਸਾ ਲਿਆ। ਵੱਖ-ਵੱਖ ਸੂਬਿਆਂ , ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਕੇਂਦਰ ਸਰਕਾਰ ਦੇ ਮੰਤਰਾਲਿਆਂ ਅਤੇ ਵਿਭਾਗਾਂ ਤੋਂ 31 ਝਾਕੀਆਂ ਨੇ ਹਿੱਸਾ ਲਿਆ, ਜਿਸ ਥੀਮ “ਸ੍ਵਰਨਿਮ ਭਾਰਤ : ਵਿਰਾਸਤ ਔਰ ਵਿਕਾਸ ਵਿਸ਼ੇ ਨੂੰ ਦਰਸਾਇਆ ਗਿਆ। ਸਾਂਝੀਵਾਲਤਾ ਅਤੇ ਏਕਤਾ ਦੀ ਭਾਵਨਾ ਨੂੰ ਦਿਖਾਉਂਦਿਆਂ, ਕਰਤਵਯ ਪਥ 'ਤੇ ਪਹਿਲੀ ਵਾਰ ਤਿੰਨੋ ਫੌਜਾਂ ਦੀ ਝਾਕੀ ਨੇ ਹਿੱਸਾ ਲਿਆ। ਹਰਿਆਣਾ ਦੀ ਝਾਕੀ ਨੇ ਭਗਵਦ ਗੀਤਾ ਦਾ ਵਿਖਾਲਾ ਕੀਤਾ ਅਤੇ ਉੱਤਰ ਪ੍ਰਦੇਸ਼ ਦੀ ਝਾਕੀ ਨੇ ਚੱਲ ਰਹੇ ਮਹਾਕੁੰਭ 2025 ਨੂੰ ਦਰਸਾਇਆ । ਸਮਾਗਮ ਦੀ ਸਮਾਪਤੀ 47 ਜਹਾਜ਼ਾਂ ਵੱਲੋਂ ਫਲਾਈਪਾਸਟ ਨਾਲ ਕੀਤੀ ਗਈ। ਫਲਾਈਪਾਸਟ ਵਿੱਚ ਰਾਫੇਲ, SU-30,, ਜਗੁਆਰ , C-130, ਡੋਰਨਿਰ -228 ਅਤੇ An-32 aircraft

and ਅਪਾਚੇ ਅਤੇ Mi-17 ਹੈਲੀਕਾਪਟਰਾਂ ਵੱਲੋਂ ਸ਼ਾਨਦਾਰ ਤੇ ਰੋਮਾਂਚਕ ਏਅਰ ਸ਼ੋਅ ਦਿਖਾਇਆ ਗਿਆ। ਰਾਸ਼ਟਰ ਅਤੇ ਸਮਾਜ ਦੇ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਦਾ ਸਨਮਾਨ ਕਰਨ ਲਈ, ਜੀਵਨ ਦੇ ਵੱਖ-ਵੱਖ ਖੇਤਰਾਂ ਤੋਂ ਵਿਸ਼ੇਸ਼ ਮਹਿਮਾਨਾਂ ਨੂੰ ਸਮਾਗਮ ਦਾ ਹਿੱਸਾ ਬਣਨ ਲਈ ਸਰਕਾਰ ਦੇ ਵਿਸ਼ੇਸ਼ ਮਹਿਮਾਨਾਂ ਵਜੋਂ ਬੁਲਾਇਆ ਗਿਆ ਸੀ. 34 ਸ਼੍ਰੇਣੀਆਂ ਦੇ 10 ਹਜ਼ਾਰ ਵਿਸ਼ੇਸ਼ ਮਹਿਮਾਨ, ਜਿਨ੍ਹਾਂ ਵਿੱਚ ਪਿੰਡਾਂ ਦੇ ਸਰਪੰਚ, ਦਸਤਕਾਰੀ ਅਤੇ ਹਥਖੱਡੀ ਕਾਰੀਗਰ, ਸਵੈ ਸਹਾਇਤਾ ਸਮੂਹਾਂ ਦੇ ਮੈਂਬਰ, ਆਸ਼ਾ ਅਤੇ ਆਂਗਣਵਾੜੀ ਵਰਕਰ ਅਤੇ  ਸੜਕ ਨਿਰਮਾਣ ਮਜ਼ਦੂਰਾਂ ਨੇ ਵਿਸ਼ੇਸ਼ ਮਹਿਮਾਨ ਵਜੋਂ ਹਿੱਸਾ ਲਿਆ.

------------------------------------------------------------

ਏਧਰ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਲੁਧਿਆਣਾ ਵਿਖੇ ਆਯੋਜਿਤ ਕੀਤਾ ਗਿਆ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੌਮੀ ਝੰਡਾ ਲਹਰਾਉਣ ਦੀ ਰਸਮ ਅਦਾ ਕੀਤੀ ਅਤੇ ਪਰੇਡ ਤੋਂ ਸਲਾਮੀ ਲਈ। ਓਧਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਟਿਆਲਾ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ।  ਇਸਤੋ ਬਾਦ ਮੁੱਖ ਮੰਤਰੀ ਨੇ ਪਰੇਡ ਦਾ ਨਰੀਖਣ

ਕੀਤਾ ਅਤੇ ਪਰੇਡ ਤੋਂ ਸਲਾਮੀ ਲਈ । ਮੁੱਖ ਮੰਤਰੀ ਨੇ ਦੇਸ਼ ਦੀ ਆਜ਼ਾਦੀ ਚ ਹਿੱਸਾ ਪਾਉਣ ਵਾਲੇ ਸੁਤੰਤਰਤਾ ਸੰਗਰਾਮੀਆ ਦਾ ਸਨਮਾਨ ਕੀਤਾ। ਵੱਖ ਵੱਖ ਵਿਭਾਗਾਂ ਵਲੋਂ ਤਿਆਰ ਕੀਤੀਆਂ ਝਾਕੀਆਂ ਕੱਢੀਆਂ ਗਈਆਂ ਅਤੇ ਸਕੂਲੀ ਵਿਦਿਆਰਥੀਆਂ ਵਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਇਸੇ ਤਰਾਂ ਮੋਹਾਲੀ,ਰੋਪੜ ਮਾਨਸਾ, ਗੁਰਦਸਪੂਰ ,ਕਪੂਰਥਲਾ ਅੰਮ੍ਰਿਤਸਰ ਸਮੇਤ ਸੂਬੇ ਦੇ ਵੱਖ ਵੱਖ ਜ਼ਿਲਿਆਂ ਵਿਚ ਗਣਤੰਤਰ ਦਿਵਸ, ਦੇਸ਼ ਭਗਤੀ ਦੀ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ

---------------------------------------------------

ਅੰਮ੍ਰਿਤਸਰ ਸਥਿਤ ਵਾਹਗਾ ਸਰਹੱਦ ਤੇ ਕੌਮੀ ਝੰਡਾ ਲਹਿਰਾਇਆ ਗਿਆ । ਏਧਰ 30ਵੀਂ ਬਟਾਲੀਅਨ ਆਈ.ਟੀ.ਬੀ.ਪੀ. , ਜਲੰਧਰ ਵਿਖੇ ਰੰਗਾਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ । ਸਰਾਏਖਾਸ ਕੈਂਪ, ਕਰਤਾਰਪੁਰ ਵਿਖੇ 30ਵੀਂ ਬਟਾਲੀਅਨ ਦੇ ਕਮਾਂਡੈਂਟ ਬੂਟਾ ਸੁਮਨ ਦੀ ਅਗਵਾਈ ਹੇਠ ਬਟਾਲੀਅਨ ਕੰਪਲੈਕਸ ਵਿੱਚ ਸ਼ਾਨਦਾਰ ਪਰੇਡ ਸਮਾਰੋਹ ਅਤੇ ਸੱਭਿਆਚਾਰਕ ਪ੍ਰੋਗਰਾਮ ਬੜੇ ਹੀ ਉਤਸ਼ਾਹ ਅਤੇ ਧੂਮ-

ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਮਾਂਡੈਂਟ ਨੇ ਰਾਸ਼ਟਰੀ ਝੰਡਾ ਲਹਿਰਾ ਕੇ ਸਲਾਮੀ ਦਿੱਤੀ ਅਤੇ  ਸਮੂਹ ਅਧਿਕਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਗਣਤੰਤਰ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ । ਇਸ ਮੌਕੇ ਕਮਾਂਡੈਂਟ ਨੇ ਸਾਰਿਆਂ ਨੂੰ ਦੇਸ਼ ਪ੍ਰਤੀ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ, ਦੇਸ਼ ਦੀ ਅਖੰਡਤਾ ਅਤੇ ਏਕਤਾ ਨੂੰ ਕਾਇਮ ਰੱਖਣ ਲਈ ਕੰਮ ਕਰਨ ਅਤੇ ਆਪਣੇ ਨਾਲ-ਨਾਲ ਦੂਜਿਆਂ ਦੇ ਹੱਕਾਂ ਦਾ ਵੀ ਖਿਆਲ ਰੱਖਣ ਦਾ ਪ੍ਰਣ ਲਿਆ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਨੇ ਸਾਲ 2024 ਦੌਰਾਨ ਭਾਰਤ-ਤਿੱਬਤ ਬਾਰਡਰ ਪੁਲਿਸ ਫੋਰਸ ਵਿੱਚ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਪੁਲਿਸ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਪੁਲਿਸ ਮੈਡਲ ਪੁਲਿਸ ਮੈਡਲ ਪ੍ਰਾਪਤ ਕੀਤਾ ।

---------------------------------------------------------

ਆਕਾਸ਼ਵਾਣੀ ਜਲੰਧਰ ਨੇ ਵੀ ਗਣਤੰਤਰ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ । ਕੌਮੀ ਝੰਡਾ ਲਹਰਾਉਣ ਦੀ ਰਸਮ ਇਸ ਸਾਲ ਸੇਵਾਮੁਕਤ ਹੋ ਰਹੇ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਅਦਾ ਕੀਤੀ । ਇਸ ਮੌਕੇ

ਆਕਾਸ਼ਵਾਣੀ ਜਲੰਧਰ ਦੇ DDG ਰਣਜੀਤ ਮੀਨਾ ਦੂਰਦਰਸ਼ਨ ਦੇ DDG , RK ਜਾਰਗੰਲ ਪ੍ਰੋਗਰਾਮ ਮੁਖੀ, ਈਜਨੀਅਰਿੰਗ ਵਿਭਾਗ ਦੇ ਮੁਖੀਆਂ ਸਮੇਤ ਸਮੂਹ ਆਕਾਸ਼ਵਾਣੀ ਦੇ ਅਧਿਕਾਰੀ ਤੇ ਕਰਮਚਾਰੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸਭਿਆਚਾਰ ਅਤੇ ਦੇਸ਼ ਭਗਤੀ ਨੂੰ ਦਰਸਾਉਂਦੇ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤੇ ਗਏ ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਸੰਸਦ ਵਿੱਚ ਪੇਸ਼ ਕੀਤਾ ਗਿਆ 'ਇੱਕ ਰਾਸ਼ਟਰ ਇੱਕ ਚੋਣ' ਬਿੱਲ ਵਿਚ ਚੰਗੇ ਸ਼ਾਸਨ ਦੀਆਂ ਸ਼ਰਤਾਂ ਨੂੰ ਮੁੜ ਪਰਿਭਾਸ਼ਿਤ ਕੀਤਾ ਗਿਆ ਏ. ਉਨ੍ਹਾਂ ਕਿਹਾ ਕਿ 'ਇੱਕ ਰਾਸ਼ਟਰ ਇੱਕ ਚੋਣ' ਯੋਜਨਾ ਸ਼ਾਸਨ 'ਚ ਨਿਰੰਤਰਤਾ ਨੂੰ ਉਤਸ਼ਾਹਿਤ ਕਰ ਸਕਦੀ ਏ, ਨੀਤੀਆਂ ਨਾਂ ਬਣਨ ਦੀ ਸਥਿਤੀ ਨੂੰ ਰੋਕ ਸਕਦੀ ਏ, ਸਰੋਤਾਂ ਦੀ ਢੁਕਵੀਂ ਵਰਤੋਂ ਨੂੰ ਉਤਸ਼ਾਹਿਤ ਕਰ ਸਕਦੀ ਏ ਅਤੇ ਮਾਲੀ ਬੋਝ ਨੂੰ ਘਟਾ ਸਕਦੀ ਏ। ਗਣਤੰਤਰ ਦਿਵਸ ਤੋਂ ਪਹਿਲਾਂ ਦੀ ਸ਼ਾਮ ਕਲ੍ਹ ਰਾਸ਼ਟਰ ਨੂੰ ਆਪਣੇ ਸੰਬੋਧਨ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਪੁਰਾਣੀ ਦੰਡਾਵਲੀ ਨੂੰ, ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ

ਸੁਰਕ੍ਸ਼ਾ ਸੰਹਿਤਾ ਅਤੇ Bharatiya Sakshya Adhiniyam ਨਾਲ ਬਦਲਣ ਦਾ ਫੈਸਲਾ ਕੀਤਾ ਗਿਆ ਤੇ ਅਜਿਹੇ ਯਤਨ ਸਭ ਤੋਂ ਵੱਧ ਧਿਆਨ ਦੇਣ ਯੋਗ ਸਨ.ਰਾਸ਼ਟਰਪਤੀ ਨੇ ਕਿਹਾ ਕਿ ਗਣਤੰਤਰ ਦਿਵਸ ਸਾਰੇ ਨਾਗਰਿਕਾਂ ਲਈ ਸਮੂਹਿਕ ਖੁਸ਼ੀ ਅਤੇ ਮਾਣ ਦਾ ਵਿਸ਼ਾ ਏ। ਓਹਨਾਂ ਜ਼ੋਰ ਦੇ ਕੇ ਕਿਹਾ ਕਿ ਪਿਛਲੇ 75 ਸਾਲਾਂ ਵਿੱਚ, ਭਾਰਤ ਰਾਸ਼ਟਰਾਂ ਦਰਮਿਆਨ, ਆਪਣਾ ਸਹੀ ਸਥਾਨ ਪ੍ਰਾਪਤ ਕਰਨ ਲਈ ਕਦਮ ਚੁੱਕ ਰਿਹਾ ਏ. ਓਹਨਾਂ ਜ਼ੋਰ ਦੇ ਕੇ ਕਿਹਾ ਕਿ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰਾ ਹਮੇਸ਼ਾ ਭਾਰਤ ਦੀ ਸਭਿਅਤਾ ਦੇ ਵਿਰਸੇ ਦਾ ਹਿੱਸਾ ਰਹੇ ਨੇ.

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਣਤੰਤਰ ਦਿਵਸ ਤੋਂ ਪਹਿਲਾਂ ਰਾਸ਼ਟਰ ਨੂੰ ਦਿੱਤੇ ਪ੍ਰੇਰਨਾਦਾਇਕ ਸੰਬੋਧਨ ਲਈ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਧੰਨਵਾਦ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਓਹਨਾਂ ਕਿਹਾ ਕਿ ਰਾਸ਼ਟਰਪਤੀ ਨੇ ਕਈ ਵਿਸ਼ਿਆਂ ਨੂੰ ਉਜਾਗਰ ਕੀਤਾ ਅਤੇ ਸੰਵਿਧਾਨ ਦੀ ਮਹਾਨਤਾ ਅਤੇ ਰਾਸ਼ਟਰੀ ਤਰੱਕੀ ਲਈ ਕੰਮ ਕਰਦੇ ਰਹਿਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।